ੴ ਸਤਿਗੁਰ ਪ੍ਰਸਾਦਿ ॥

ਵਾਹਿਗੁਰੂ ਜੀ ਕਾ ਖ਼ਾਲਸਾ, ਵਾਹਿਗੁਰੂ ਜੀ ਕੀ ਫਤਿਹ ॥

ਸਮੂਹ ਸੰਗਤਾਂ ਨੂੰ ਨਿਮਰਤਾ ਸਹਿਤ ਬੇਨਤੀ ਕੀਤੀ ਜਾਂਦੀ ਹੈ ਕਿ

# ਗੁਰਦੁਆਰਾ ਸ਼ਹੀਦ ਬਾਬਾ ਤੇਗਾ ਸਿੰਘ ਜੀ


ਧੰਨ ਧੰਨ ਸ਼ਹੀਦ ਬਾਬਾ ਤੇਗਾ ਸਿੰਘ ਜੀ

ਪਿੰਡ ਚੰਦ ਪੁਰਾਣਾ (ਜ਼ਿਲ੍ਹਾ ਮੋਗਾ) ਵਿਖੇ

## ਧੰਨ-ਧੰਨ ਸ਼ਹੀਦ ਬਾਬਾ ਤੇਗਾ ਸਿੰਘ ਜੀ ਦਾ ਸਲਾਨਾ ਜੋੜ ਮੇਲਾ

## ਅਤੇ ਸੱਚਖੰਡ ਵਾਸੀ ਸੰਤ ਬਾਬਾ ਨਛੱਤਰ ਸਿੰਘ ਜੀ ਦੀ


ਗੁਰਦੁਆਰਾ ਸਾਹਿਬ

# ਸਲਾਨਾ ਬਰਸੀ

## ਮੁੱਖ ਸੇਵਾਦਾਰ ਸੰਤ ਬਾਬਾ ਗੁਰਦੀਪ ਸਿੰਘ ਜੀ ਅਤੇ ਸਮੂਹ ਸੰਗਤਾਂ ਵੱਲੋਂ

## 19 ਮਾਰਚ 2017 ਦਿਨ ਐਤਵਾਰ ਨੂੰ ਬੜੀ ਸ਼ਰਧਾ ਨਾਲ ਮਨਾਈ ਜਾ ਰਹੀ ਹੈ।




ਇਸ ਮੌਕੇ ਸੰਗਤਾਂ ਵੱਲੋਂ ਆਰੰਭ ਕਰਵਾਈ ਗਈ ਸ੍ਰੀ ਅਖੰਡ ਪਾਠਾਂ ਦੀ ਲੜੀ ਦੇ ਭੋਗ ਉਪਰੰਤ ਸਵੇਰੇ 8 ਵਜੇ ਤੋਂ ਸ਼ਾਮ 4 ਵਜੇ ਤੱਕ ਧਾਰਮਿਕ ਦੀਵਾਨ ਸਜਾਏ ਜਾਣਗੇ, ਜਿਸ ਵਿਚ ਪ੍ਰਸਿੱਧ ਰਾਗੀ, ਕਥਾ ਵਾਚਕ, ਢਾਡੀ ਜਥੇ ਅਤੇ ਮਹਾਂਪੁਰਸ਼ ਸੰਗਤਾਂ ਨੂੰ ਗੁਰਇਤਿਹਾਸ ਸੁਣਾ ਕੇ ਨਿਹਾਲ ਕਰਨਗੇ।

**ਇਸ ਗੁਰਦੁਆਰਾ ਸਾਹਿਬ ਵਿਚ ਸ਼ੀਸ਼ੇ ਦਾ ਬਣਿਆ ਪੰਜ ਮੰਜ਼ਿਲਾਂ ਦਰਬਾਰ ਹਾਲ ਅਤੇ ਧਾਰਮਿਕ ਵਿਰਸੇ ਨਾਲ ਸੰਬੰਧਤ ਅਜਾਇਬ ਘਰ ਵੇਖਣਯੋਗ ਹੈ**

ਇਸ ਗੁਰਦੁਆਰਾ ਸਾਹਿਬ ਵਿਖੇ ਕੈਨੇਡਾ, ਅਮਰੀਕਾ, ਜਰਮਨ, ਇੰਗਲੈਂਡ, ਰਾਜਸਥਾਨ, ਪੰਜਾਬ, ਹਰਿਆਣਾ, ਯੂ.ਪੀ. ਅਤੇ ਹੋਰ ਵੀ ਸੂਬਿਆਂ ਤੋਂ ਸੰਗਤ ਪਹੁੰਚ ਰਹੀ ਹੈ। ਸਭ ਇਲਾਕਾ ਨਿਵਾਸੀਆਂ ਅਤੇ ਸੰਗਤਾਂ ਨੂੰ ਨਿਮਰਤਾ ਸਹਿਤ ਬੇਨਤੀ ਕੀਤੀ ਜਾਂਦੀ ਹੈ ਕਿ ਇਸ ਵਿਸ਼ਾਲ ਸਮਾਗਮ ਵਿਚ ਵਧ ਚੜ੍ਹ ਕੇ ਪਹੁੰਚੋ ਅਤੇ ਮਹਾਂਪੁਰਖਾਂ ਦੇ ਪ੍ਰਵਚਨ ਸੁਣੋ।



ਗੁਰਦੁਆਰਾ ਸਾਹਿਬ ਪਿੰਡ ਚੰਦ ਪੁਰਾਣਾ ਤਹਿਸੀਲ ਅਤੇ ਜ਼ਿਲ੍ਹਾ ਮੋਗਾ-ਬਾਘਾਪੁਰਾਣਾ ਸੜਕ ਉੱਪਰ ਮੋਗੇ ਤੋਂ 12 ਕਿਲੋਮੀਟਰ ਹੈ ਤੇ ਬਾਘਾਪੁਰਾਣਾ ਤੋਂ 6 ਕਿਲੋਮੀਟਰ ਤੇ ਸਥਿਤ ਹੈ। ਇਸ ਪਵਿੱਤਰ ਅਸਥਾਨ ਉੱਪਰ ਬਾਬਾ ਤੇਗਾ ਸਿੰਘ ਜੀ ਸ਼ਹੀਦ ਅਤੇ ਉਨ੍ਹਾਂ ਦੀ ਅਪਾਰ ਕ੍ਰਿਪਾ ਦੁਆਰਾ ਉਨ੍ਹਾਂ ਦੇ ਦਰੋਂ ਘਰੋਂ ਵਰੋਸਾਏ ਹੋਏ ਮੁੱਖ ਸੇਵਾਦਾਰ ਸੰਤ ਬਾਬਾ ਗੁਰਦੀਪ ਸਿੰਘ ਜੀ ਦੁਖੀਆਂ ਦੇ ਦੁੱਖ ਗੁਰੂ ਜੀ ਦੀਆਂ ਅਰਦਾਸਾਂ ਦੁਆਰਾ ਦੂਰ ਕਰਦੇ ਹਨ। ਇਸ ਗੁਰਦੁਆਰਾ ਸਾਹਿਬ ਵਿਖੇ ਜੋ ਵੀ ਸ਼ਰਧਾ ਨਾਲ ਹਾਜ਼ਰੀਆਂ ਲਵਾਉਂਦੇ ਹਨ ਉਨ੍ਹਾਂ ਸਭਨਾਂ ਦੀਆਂ ਆਸਾਂ ਮੁਰਾਦਾਂ ਪੂਰੀਆਂ ਹੁੰਦੀਆਂ ਹਨ। ਬਾਬਾ ਜੀ ਸੰਗਤਾਂ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ ਲੱਗਣ ਲਈ ਉਪਦੇਸ਼ ਦਿੰਦੇ ਹਨ। ਇਥੋਂ ਦੇ ਪਵਿੱਤਰ ਸਰੋਵਰ ਵਿਚ ਇਸ਼ਨਾਨ ਕਰਨ ਨਾਲ ਦੁਖੀਆਂ ਦੇ ਦੁੱਖ ਦੂਰ ਹੁੰਦੇ ਹਨ।



ਨੋਟ - ਇਸ ਗੁਰਦੁਆਰਾ ਸਾਹਿਬ ਵਿਚ ਲਗਾਤਾਰ ਸਹਿਜ ਪਾਠਾਂ ਦੀ ਲੜੀ ਚਲਦੀ ਰਹਿੰਦੀ ਹੈ। ਇਥੇ ਪੁੰਨਿਆਂ ਦਾ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ ਜਾਂਦਾ ਹੈ ਅਤੇ ਧਾਰਮਿਕ ਦੀਵਾਨ ਸਜਾਇਆ ਜਾਂਦਾ ਹੈ। ਇਥੇ ਗੁਰੂ ਕਾ ਲੰਗਰ 24 ਘੰਟੇ ਅਤੁੱਟ ਵਰਤਦਾ ਹੈ। ਹਰ ਸੰਗਰਾਂਦ ਤੇ ਬੇਸਹਾਰਾ ਔਰਤਾਂ ਨੂੰ ਮਹੀਨੇ ਭਰ ਦਾ ਰਾਸ਼ਨ ਫ੍ਰੀ ਦਿੱਤਾ ਜਾਂਦਾ ਹੈ। ਇਥੇ ਬਾਬਾ ਜੀ ਵੱਲੋਂ ਗਰੀਬ ਲੜਕੀਆਂ ਦੇ ਵਿਆਹ ਕੀਤੇ ਜਾਂਦੇ ਹਨ। ਬੇਸਹਾਰਾ ਬਜ਼ੁਰਗਾਂ ਵਾਸਤੇ ਬਾਬਾ ਜੀ ਦੇ ਯਤਨਾਂ ਸਦਕਾ 1 ਏਕੜ ਵਿਚ 47 ਕਮਰਿਆਂ ਵਾਲਾ ਬਿਰਧ ਆਸ਼ਰਮ ਬਣਿਆ ਹੋਇਆ ਹੈ। ਹਸਪਤਾਲ ਵਿਚ ਲੋੜਵੰਦ ਮਰੀਜ਼ਾਂ ਨੂੰ ਮੁਫ਼ਤ ਦਵਾਈ ਦਿੱਤੀ ਜਾਂਦੀ ਹੈ।

**ਬਾਬਾ ਜੀ ਦਾ ਫੁਰਮਾਨ - ਨਸ਼ੇ ਛੱਡੋ, ਗੁਰੂ ਵਾਲੇ ਬਣੋ, ਅੰਮ੍ਰਿਤ ਛਕੋ ਤੇ ਸਿੰਘ ਸਜੋ ਅਤੇ ਆਪਣੇ ਮਾਤਾ-ਪਿਤਾ ਦੀ ਸੇਵਾ ਕਰੋ ਹਰੇਕ ਦਾ ਭਲਾ ਮੰਗੋ।**

## ਵੱਲੋਂ - ਮੁੱਖ ਸੇਵਾਦਾਰ ਬਾਬਾ ਗੁਰਦੀਪ ਸਿੰਘ ਜੀ

ਪ੍ਰਬੰਧਕ ਕਮੇਟੀ ਗੁਰਦੁਆਰਾ ਸ਼ਹੀਦ ਬਾਬਾ ਤੇਗਾ ਸਿੰਘ ਜੀ ਅਤੇ ਸਮੂਹ ਇਲਾਕਾ ਨਿਵਾਸੀ ਪਿੰਡ ਚੰਦਪੁਰਾਣਾ (ਮੋਗਾ) ਫ਼ੋਨ : 98148-41305

Owner, Publisher, Printer & Editor : Bhawandeep Singh Purba, Printed at : Ekta Printing Press Asr. Road Moga, Published from : 1195, Ajit Nagar Moga (Pb) Titel Regd No. PUNPUN 04016